Vigilance Bureau Punjab

# Vigilance nabs lady Patwari, her accomplice for taking bribe

Chandigarh, September 7: Punjab Vigilance Bureau today nabbed a revenue Patwari and a private person red handed while accepting bribe of Rs.6,000.

Disclosing this here an official spokesperson of the Vigilance Bureau said Amandeep Kaur, Revenue Patwari, posted at Bajewala in Mansa district and a private person Harjeet Singh, who is working as his assistant and driver, were nabbed red handed by Vigilance team for accepting bribe of Rs. 6,000 from complainant Raja Singh of village Bajewala, Mansa.

The complainant has approached the VB and alleged that the above said Patwari was demanding Rs. 12,000 for mutation of his land but the deal was struck at Rs. 10,000. He further informed that he had already paid Rs. 4000 as a first installment to the accused lady patwari.

After verifying his information, a team from Vigilance bureau Mansa laid a trap and the accused Patwari and her accomplice Harjeet Singh were arrested on the spot while accepting bribe of Rs. 6,000 of second installment from the complainant in the presence of two official witnesses.

He informed that a case under Prevention of Corruption Act has been registered against the accused at VB police station Bathinda and further investigation was under progress.

I/929641/2021

------------

ਵਿਜੀਲੈਂਸ ਬਿਓਰੋ ਪੰਜਾਬ

## ਵਿਜੀਲੈਂਸ ਵੱਲੋਂ ਮਹਿਲਾ ਪਟਵਾਰੀ ਤੇ ਉਸਦਾ ਸਹਾਇਕ ਰਿਸ਼ਵਤ ਲੈਂਦੇ ਕਾਬੂ

ਚੰਡੀਗੜ੍ਹ 7 ਸਤੰਬਰ : ਪੰਜਾਬ ਵਿਜੀਲੈਂਸ ਬਿਊਰੋ ਨੇ ਅੱਜ ਮਾਲ ਹਲਕਾ ਬਾਜੇਵਾਲਾ, ਜਿਲਾ ਮਾਨਸਾ ਵਿਖੇ ਤਾਇਨਾਤ ਮਹਿਲਾ ਪਟਵਾਰੀ ਅਮਨਦੀਪ ਕੌਰ ਅਤੇ ਉਸਦੇ ਸਹਾਇਕ ਤੇ ਡਰਾਇਵਰ ਵਜੋਂ ਕੰਮ ਕਰਦੇ ਇੱਕ ਪ੍ਰਾਈਵੇਟ ਵਿਅਕਤੀ ਹਰਜੀਤ ਸਿੰਘ ਨੂੰ 6,000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕਰ ਲਿਆ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਓਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਮਹਿਲਾ ਪਟਵਾਰੀ ਨੂੰ ਪਿੰਡ ਬਾਜੇਵਾਲਾ ਦੇ ਸ਼ਿਕਾਇਤਕਰਤਾ ਰਾਜਾ ਸਿੰਘ ਦੀ ਸ਼ਿਕਾਇਤ 'ਤੇ 6,000 ਰੁਪਏ ਦੀ ਰਿਸ਼ਵਤ ਲੈਂਦਿਆਂ ਗ੍ਰਿਫ਼ਤਾਰ ਕੀਤਾ ਹੈ। ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਨੂੰ ਆਪਣੀ ਸ਼ਿਕਾਇਤ ਵਿੱਚ ਦੋਸ਼ ਲਾਇਆ ਕਿ ਉਕਤ ਪਟਵਾਰੀ ਵਲੋਂ ਜਮੀਨ ਦੇ ਤਬਾਦਲੇ ਦਾ ਇੰਤਕਾਲ ਦਰਜ ਕਰਨ ਬਦਲੇ 12,000 ਰੁਪਏ ਦੀ ਮੰਗ ਕੀਤੀ ਗਈ ਸੀ ਪਰ ਸੌਦਾ 10,000 ਰੁਪਏ ਵਿਚ ਤੈਅ ਹੋਇਆ ਹੈ। ਉਨ੍ਹਾਂ ਦੱਸਿਆ ਕਿ ਉਹ ਦੋਸ਼ੀ ਮਹਿਲਾ ਪਟਵਾਰੀ ਨੂੰ ਪਹਿਲੀ ਕਿਸ਼ਤ ਦੇ 4,000 ਰੁਪਏ ਪਹਿਲਾਂ ਹੀ ਅਦਾ ਕਰ ਚੁੱਕਾ ਹੈ।

ਵਿਜੀਲੈਂਸ ਦੀ ਟੀਮ ਵੱਲੋਂ ਸ਼ਿਕਾਇਤ ਦੀ ਪੜਤਾਲ ਉਪਰੰਤ ਉਕਤ ਮੁਲਜਮ ਪਟਵਾਰੀ ਅਤੇ ਉਸਦੇ ਸਹਾਇਕ ਪ੍ਰਾਈਵੇਟ ਵਿਅਕਤੀ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜਰੀ ਵਿਚ ਦੂਜੀ ਕਿਸ਼ਤ ਦੇ 6,000 ਰੁਪਏ ਦੀ ਰਿਸ਼ਵਤ ਲੈਂਦਿਆਂ ਦਬੋਚ ਲਿਆ। ਬੁਲਾਰੇ ਨੇ ਦੱਸਿਆ ਕਿ ਉਕਤ ਦੋਸ਼ੀਆਂ ਖਿਲਾਫ਼ ਵਿਜੀਲੈਂਸ ਬਿਓਰੋ ਨੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਬਠਿੰਡਾ ਸਥਿਤ ਵਿਜੀਲੈਂਸ ਬਿਓਰੋ ਦੇ ਥਾਣੇ ਵਿਚ ਮੁਕੱਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਦਿੱਤੀ ਹੈ।

-----------